# ਪੰਜਾਬ ਵਿਧਾਨ ਸਭਾ

## ਕਾਰਜ-ਸੂਚੀ

ਸੋਮਵਾਰ, 6 ਮਾਰਚ, 2023
10.00 ਵਜੇ ਸਵੇਰੇ

---

I. **ਪ੍ਰਸ਼ਨ**

ਵੱਖ ਸੂਚੀ ਵਿਚ ਦਰਜ਼ ਪ੍ਰਸ਼ਨ ਪੁੱਛੇ ਜਾਣਗੇ ਅਤੇ ਉੱਤਰ ਦਿੱਤੇ ਜਾਣਗੇ।

II. **ਮਾਨਯੋਗ ਸਪੀਕਰ/ਸਕੱਤਰ ਦੁਆਰਾ ਐਲਾਨ**

III. **ਧਿਆਨ ਦਿਵਾਊ ਨੋਟਿਸ**

1. **ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ, ਐਮ.ਐਲ.ਏ:**-ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਦਾ ਧਿਆਨ ਅੰਗਹੀਣ ਪੈਦਾ ਹੋਏ ਜਾਂ ਮੰਦ-ਬੁੱਧੀ ਬੱਚਿਆਂ ਨੂੰ ਵਿੱਤੀ ਮਦਦ ਜਾਂ ਵਿਸ਼ੇਸ਼ ਪੇਨਸ਼ਨ ਦੇਣ ਵੱਲ ਦਿਵਾਉਣਗੇ।

(ਨੰ: 7)

2. **ਸਰਦਾਰ ਗੁਰਦਿੱਤ ਸਿੰਘ ਸੇਖੋਂ, ਐਮ.ਐਲ.ਏ:**- ਲੋਕ ਨਿਰਮਾਣ (ਭਵਨ ਅਤੇ ਮਾਰਗ) ਮੰਤਰੀ ਦਾ ਧਿਆਨ ਦੋਰਾਹਾ ਤੋਂ ਲੁਧਿਆਣਾ ਬਾਈਪਾਸ (ਚੰਡੀਗੜ੍ਹ ਸੜਕ ਤੋਂ ਦੋਰਾਹਾ ਅਤੇ ਦੋਰਾਹਾ ਤੋਂ ਲੁਧਿਆਣਾ, ਮੋਗਾ ਸੜਕ) ਦੀ ਖ਼ਸਤਾ ਹਾਲਤ ਵੱਲ ਦਿਵਾਉਣਗੇ।

(ਨੰ: 11)

3. **ਸਰਦਾਰ ਗੁਰਦਿੱਤ ਸਿੰਘ ਸੇਖੋਂ, ਐਮ.ਐਲ.ਏ:**- ਲੋਕ ਨਿਰਮਾਣ (ਭਵਨ ਅਤੇ ਮਾਰਗ) ਮੰਤਰੀ ਦਾ ਧਿਆਨ ਪਿੰਡ ਡਗਰੂ ਵਾਲੇ ਫਾਟਕਾਂ ਕੋਲ ਮੋਗਾ-ਤਲਵੰਡੀ ਸੜਕ ਤੇ ਪੁਲ ਦੇ ਅਧੂਰੇ ਕੰਮ ਕਾਰਨ ਲੋਕਾਂ ਨੂੰ ਪੇਸ਼ ਆ ਰਹੀ ਦਿੱਕਤ ਵੱਲ ਦਿਵਾਉਣਗੇ।

(ਨੰ: 12)

IV. **ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ**

i) **ਮਾਨਯੋਗ ਸਪੀਕਰ** — ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਪੇਸ਼ ਕਰਨਗੇ।

ii) **ਕਮੇਟੀ ਦਾ ਇਕ ਮੈਂਬਰ** — ਪ੍ਰਸਤਾਵ ਕਰੇਗਾ ਕਿ ਇਹ ਸਦਨ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।

V. **ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼-ਪੱਤਰ**

1. **ਇਕ ਮੰਤਰੀ** — ਸਾਲ 2019-20 ਲਈ ਪੰਜਾਬ ਪੱਛੜੀਆਂ ਸ਼੍ਰੇਣੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ (ਬੈਕਫਿੰਕੋ) ਦੀ ਬੈਲੰਸ ਸ਼ੀਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਪੱਛੜੀਆਂ ਸ਼੍ਰੇਣੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਐਕਟ, 1976 ਦੀ ਧਾਰਾ 27(6) ਅਧੀਨ ਲੋੜੀਂਦਾ ਹੈ।

ਪਰਤੋਂ ਜੀ.......

2. ਇਕ ਮੰਤਰੀ ਸਾਲ 2020-21 ਲਈ ਪੰਜਾਬ ਰਾਜ ਬਿਜਲੀ ਰੈਗੂਲੇਟਰੀ ਕਮਿਸ਼ਨ ਦੇ ਲੇਖਿਆਂ ਦਾ ਸਾਲਾਨਾ ਵਿਵਰਣ ਅਤੇ ਆਡਿਟ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਬਿਜਲੀ ਰੈਗੂਲੇਟਰੀ ਕਮਿਸ਼ਨ ਐਕਟ, 1998 ਦੀ ਧਾਰਾ 34(4) ਅਧੀਨ ਲੋੜੀਂਦਾ ਹੈ।

3. ਇਕ ਮੰਤਰੀ ਸਾਲ 2020-21 ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੀ ਸਾਲਾਨਾ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਹਰਿਆਣਾ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਐਕਟ, 1970 ਦੀ ਧਾਰਾ 39(3) ਅਧੀਨ ਲੋੜੀਂਦਾ ਹੈ।

4. ਇਕ ਮੰਤਰੀ ਸਾਲਾਂ 2019-20 ਅਤੇ 2020-21 ਲਈ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੀਆਂ ਸਾਲਾਨਾ ਰਿਪੋਰਟਾਂ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਐਕਟ, 1996 ਦੀ ਧਾਰਾ 21(4) ਅਧੀਨ ਲੋੜੀਂਦਾ ਹੈ।

5. ਇਕ ਮੰਤਰੀ ਸਾਲਾਂ 2017-18 ਅਤੇ 2018-19 ਲਈ ਪੰਜਾਬ ਰਾਜ ਫੂਡ ਕਮਿਸ਼ਨ ਦੀਆਂ ਸਾਲਾਨਾ ਰਿਪੋਰਟਾਂ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਕੌਮੀ ਖ਼ੁਰਾਕ ਸੁਰੱਖਿਆ ਐਕਟ, 2013 ਦੀ ਧਾਰਾ 16 ਦੀ ਧਾਰਾ 6 (ਕ) ਅਧੀਨ ਲੋੜੀਂਦਾ ਹੈ।

6. ਇਕ ਮੰਤਰੀ ਸਾਲ 2015-16 ਲਈ ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ, ਪਟਿਆਲਾ ਦੇ ਸਾਲਾਨਾ ਲੇਖੇ ਅਤੇ ਆਡਿਟ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਐਕਟ, 1950 ਦੀ ਧਾਰਾ 33(4) ਅਧੀਨ ਲੋੜੀਂਦਾ ਹੈ।

7. ਇਕ ਮੰਤਰੀ ਸਾਲ 2018-19 ਲਈ ਰਾਜ ਕੰਨਟੇਨਰ ਅਤੇ ਵੇਅਰਹਾਊਸਿੰਗ ਕਾਰਪੋਰੇਸ਼ਨ ਲਿਮਟਿਡ (ਕਾਨਵੇਅਰ) ਦੀ 24 ਵੀਂ ਸਾਲਾਨਾ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਕੰਪਨੀਜ਼ ਐਕਟ, 1956 ਦੀ ਧਾਰਾ 619-(ੳ) ਅਧੀਨ ਲੋੜੀਂਦਾ ਹੈ।

8. ਇਕ ਮੰਤਰੀ ਸਾਲ 2019-20 ਅਤੇ 2020-21 ਲਈ ਅੰਮ੍ਰਿਤਸਰ ਵਿਕਾਸ ਅਥਾਰਿਟੀ, ਅੰਮ੍ਰਿਤਸਰ ਦੀਆਂ ਸਾਲਾਨਾ ਰਿਪੋਰਟਾਂ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ, ਟਾਊਨ ਪਲਾਨਿੰਗ ਅਤੇ ਵਿਕਾਸ (ਪੀ.ਆਰ.ਟੀ.ਪੀ.ਡੀ.) ਐਕਟ, 1995 ਦੀ ਧਾਰਾ 54(2) ਅਧੀਨ ਲੋੜੀਂਦਾ ਹੈ।

9. ਇਕ ਮੰਤਰੀ ਸਾਲ 2020-21 ਲਈ ਪੰਜਾਬ ਰਾਜ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ ਦੀ 11ਵੀਂ ਸਾਲਾਨਾ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਕੰਪਨੀਜ਼ ਐਕਟ, 2013 ਦੀ ਧਾਰਾ 395 ਅਧੀਨ ਲੋੜੀਂਦਾ ਹੈ।

10. ਇਕ ਮੰਤਰੀ ਸਾਲ 2019-20 ਅਤੇ 2020-21 ਲਈ ਲੋਕਪਾਲ, ਚੌਕਸੀ ਵਿਭਾਗ, ਪੰਜਾਬ ਦੀਆਂ ਸਾਲਾਨਾ ਪ੍ਰਬੰਧਕੀ ਰਿਪੋਰਟਾਂ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਲੋਕਪਾਲ ਐਕਟ, 1996 ਦੀ ਧਾਰਾ 16 (5) ਅਧੀਨ ਲੋੜੀਂਦਾ ਹੈ।

## VI. ਰਾਜਪਾਲ ਦੇ ਭਾਸ਼ਣ ਤੇ ਧੰਨਵਾਦ ਪ੍ਰਸਤਾਵ ਅਤੇ ਬਹਿਸ

i) **ਸ਼੍ਰੀਮਤੀ ਜੀਵਨ ਜੋਤ ਕੌਰ, ਐਮ.ਐਲ.ਏ:** ਪ੍ਰਸਤਾਵ ਕਰਨਗੇ ਕਿ ਰਾਜਪਾਲ ਜੀ ਨੂੰ ਹੇਠ ਲਿਖੇ ਸ਼ਬਦਾਂ ਵਿੱਚ ਮਾਣ-ਪੱਤਰ ਪੇਸ਼ ਕੀਤਾ ਜਾਵੇ:-

"ਕਿ ਇਸ ਸਮਾਗਮ ਵਿੱਚ ਇਕੱਤਰ ਹੋਏ ਇਸ ਸਦਨ ਦੇ ਮੈਂਬਰ ਰਾਜਪਾਲ ਜੀ ਦੇ ਉਸ ਭਾਸ਼ਣ ਲਈ ਅਤਿ ਧੰਨਵਾਦੀ ਹਨ ਜੋ ਉਨ੍ਹਾਂ ਨੇ 3 ਮਾਰਚ, 2023 ਨੂੰ ਸਦਨ ਵਿੱਚ ਦੇਣ ਦੀ ਕਿਰਪਾਲਤਾ ਕੀਤੀ। "

ਪਰਤੋਂ ਜੀ.....

ii) ਸ਼੍ਰੀ ਬੁੱਧ ਰਾਮ, ਐਮ.ਐਲ.ਏ: ਉਪਰੋਕਤ ਪ੍ਰਸਤਾਵ ਦੀ ਪ੍ਰੋੜਤਾ ਕਰਨਗੇ।

ਚੰਡੀਗੜ੍ਹ:
3 ਮਾਰਚ, 2023

ਸੁਰਿੰਦਰ ਪਾਲ,
ਸਕੱਤਰ ।